Tape/CD: 1311

# ਪੰਨਾ ੪੦੭

ਆਸਾ ਮਹਲਾ ੫ ॥ ਹਰਿ ਬਿਸਰਤ ਸੋ ਮੂਆ
॥ ੧ ॥ ਰਹਾਉ ॥ ਨਾਮੁ ਧਿਆਵੈ ਸਰਬ ਫਲ
ਪਾਵੈ ਸੋ ਜਨੁ ਸੁਖੀਆ ਹੂਆ ॥ ੧ ॥ ਰਾਜੁ ਕਹਾਵੈ
ਹਉ ਕਰਮ ਕਮਾਵੈ ਬਾਧਿਓ ਨਲਿਨੀ ਭ੍ਰਮਿ ਸੂਆ
॥ ੨ ॥ ਕਹੁ ਨਾਨਕ ਜਿਸੁ ਸਤਿਗੁਰੁ ਭੇਟਿਆ ਸੋ
ਜਨੁ ਨਿਹਚਲੁ ਥੀਆ ॥ ੩ ॥ ੯ ॥ ੧੪੯ ॥

Tape/CD: 1311

# ਪੰਨਾ ੧੯੦

ਗਉੜੀ ਮਹਲਾ ੫ ॥ ਛਾਡਿ ਸਿਆਨਪ ਬਹੁ ਚਤੁਰਾਈ ॥ ਗੁਰ ਪੂਰੇ ਕੀ ਟੇਕ ਟਿਕਾਈ ॥ ੧ ॥ ਦੁਖ ਬਿਨਸੇ ਸੁਖ ਹਰਿ ਗੁਣ ਗਾਇ ॥ ਗੁਰੁ ਪੂਰਾ ਭੇਟਿਆ ਲਿਵ ਲਾਇ ॥ ੧ ॥ ਰਹਾਉ ॥ ਹਰਿ ਕਾ ਨਾਮੁ ਦੀਓ ਗੁਰਿ ਮੰਤ੍ਰੁ ॥ ਮਿਟੇ ਵਿਸੂਰੇ ਉਤਰੀ ਚਿੰਤ ॥ ੨ ॥ ਅਨਦ ਭਏ ਗੁਰ ਮਿਲਤ ਕ੍ਰਿਪਾਲ ॥ ਕਰਿ ਕਿਰਪਾ ਕਾਟੇ ਜਮ ਜਾਲ ॥ ੩ ॥ ਕਹੁ ਨਾਨਕ ਗੁਰੁ ਪੂਰਾ ਪਾਇਆ ॥ ਤਾ ਤੇ ਬਹੁਰਿ ਨ ਬਿਆਪੈ ਮਾਇਆ ॥ ੪ ॥ ੫੩ ॥ ੧੨੨ ॥

Tape/CD: 1311 ਪੰਨਾ ੪੮-੪੯

ਸਿਰੀਰਾਗੁ ਮਹਲਾ ੫ ॥ ਸੋਈ ਸਾਸਤੁ ਸਉਣੁ ਸੋਇ ਜਿਤੁ ਜਪੀਐ ਹਰਿ ਨਾਉ ॥ ਚਰਣ
ਕਮਲ ਗੁਰਿ ਧਨੁ ਦੀਆ ਮਿਲਿਆ ਨਿਥਾਵੇ ਥਾਉ ॥ ਸਾਚੀ ਪੂੰਜੀ ਸਚੁ ਸੰਜਮੋ ਆਠ ਪਹਰ
ਗੁਣ ਗਾਉ ॥ ਕਰਿ ਕਿਰਪਾ ਪ੍ਰਭੁ ਭੇਟਿਆ ਮਰਣੁ ਨ ਆਵਣੁ ਜਾਉ ॥ ੧ ॥ ਮੇਰੇ ਮਨ
ਹਰਿ ਭਜੁ ਸਦਾ ਇਕ ਰੰਗਿ ॥ ਘਟ ਘਟ ਅੰਤਰਿ ਰਵਿ ਰਹਿਆ ਸਦਾ ਸਹਾਈ ਸੰਗਿ ॥
੧ ॥ ਰਹਾਉ ॥ ਸੁਖਾ ਕੀ ਮਿਤਿ ਕਿਆ ਗਣੀ ਜਾ ਸਿਮਰੀ ਗੋਵਿੰਦੁ ॥ ਜਿਨ ਚਾਖਿਆ ਸੇ
ਤ੍ਰਿਪਤਾਸਿਆ ਉਹ ਰਸੁ ਜਾਣੈ ਜਿੰਦੁ ॥ ਸੰਤਾ ਸੰਗਤਿ ਮਨਿ ਵਸੈ ਪ੍ਰਭੁ ਪ੍ਰੀਤਮੁ ਬਖਸਿੰਦੁ ॥
ਜਿਨਿ ਸੇਵਿਆ ਪ੍ਰਭੁ ਆਪਣਾ ਸੋਈ ਰਾਜ ਨਰਿੰਦੁ ॥ ੨ ॥ ਅਉਸਰਿ ਹਰਿ ਜਸੁ ਗੁਣ ਰਮਣ
ਜਿਤੁ ਕੋਟਿ ਮਜਨ ਇਸਨਾਨੁ ॥ ਰਸਨਾ ਉਚਰੈ ਗੁਣਵਤੀ ਕੋਇ ਨ ਪੁਜੈ ਦਾਨੁ ॥ ਦ੍ਰਿਸਟਿ
ਧਾਰਿ ਮਨਿ ਤਨਿ ਵਸੈ ਦਇਆਲ ਪੁਰਖੁ ਮਿਹਰਵਾਨੁ ॥ ਜੀਉ ਪਿੰਡੁ ਧਨੁ ਤਿਸ ਦਾ ਹਉ
ਸਦਾ ਸਦਾ ਕੁਰਬਾਨੁ ॥ ੩ ॥ ਮਿਲਿਆ ਕਦੇ ਨ ਵਿਛੁੜੈ ਜੋ ਮੇਲਿਆ ਕਰਤਾਰਿ ॥ ਦਾਸਾ
ਕੇ ਬੰਧਨ ਕਟਿਆ ਸਾਚੈ ਸਿਰਜਣਹਾਰਿ ॥ ਭੂਲਾ ਮਾਰਗਿ ਪਾਇਓਨੁ ਗੁਣ ਅਵਗੁਣ ਨ
ਬੀਚਾਰਿ ॥ ਨਾਨਕ ਤਿਸੁ ਸਰਣਾਗਤੀ ਜਿ ਸਗਲ ਘਟਾ ਆਧਾਰੁ ॥ ੪ ॥ ੧੯ ॥ ੮੯ ॥